ਜਗਰਾਉਂ ਅਜੀਤ, ਜਲੰਧਰ ਅਜੀਤ ਸੋਮਵਾਰ, 20 ਅਕਤੂਬਰ 2025

ਧਾਰਮਿਕ ਮੁਕਾਬਲੇ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨਾਲ ਪ੍ਰਿੰਸੀਪਲ ਮਨਪ੍ਰੀਤ ਸਿੰਘ ਤੇ ਹੋਰ ਸਕੂਲ ਅਧਿਆਪਕ। ਅਜੀਤ ਤਸਵੀਰ

ਧਾਰਮਿਕ ਮੁਕਾਬਲਿਆਂ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਕੀਤਾ ਸਨਮਾਨ

ਰਾਏਕੋਟ, 19 ਅਕਤੂਬਰ (ਸੁਸ਼ੀਲ)- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਦੇ ਸਬੰਧ 'ਚ ਰਾਏਕੋਟ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਵਿਖੇ ਸੰਪੂਰਨ ਹੋਏ ਸ੍ਰੀ ਸਹਿਜ ਪਾਠ ਦੇ ਭੋਗ ਦੌਰਾਨ ਸਰਦਾਰ ਭਰਪੂਰ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਰਾਏ ਦੇ ਵਿਦਿਆਰਥੀਆਂ ਵਲੋਂ ਸੇਵਾ ਲਹਿਰ ਵਿਚ ਪਾਏ ਗਏ ਯੋਗਦਾਨ ਬਦਲੇ ਸਕੂਲ ਪ੍ਰਬੰਧਕਾਂ ਵਲੋਂ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸਬੰਧ 'ਚ ਕਰਵਾਏ ਗਏ ਸਮਾਗਮ ਵਿਚ ਸਕੂਲ ਦੇ ਬੱਚਿਆਂ ਵਲੋਂ ਗੁਰਬਾਣੀ ਕੀਰਤਨ ਵੀ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸ੍ਰੀ ਗੁਰੂ ਨਾਨਕ ਮਲਟੀਵਰਸਿਟੀ ਵਲੋਂ ਕਰਵਾਏ ਗਏ ਗੁਰਮਤਿ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਮਨਪ੍ਰੀਤ ਸਿੰਘ ਨੇ ਸਕੂਲ ਵਿਦਿਆਰਥੀਆਂ ਨੂੰ ਅਜਿਹੇ ਧਾਰਮਿਕ ਮੁਕਾਬਲਿਆਂ ਵਿਚ ਵਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਮੈਡਮ ਗੁਰਜੀਤ ਕੌਰ, ਧਾਰਮਿਕ ਸਿੱਖਿਆ ਅਧਿਆਪਕ ਸ੍ਰੀਮਤੀ ਸੰਦੀਪ ਕੌਰ ਸਮੇਤ ਹੋਰ ਵੀ ਸਟਾਫ਼ ਮੈਂਬਰ ਹਾਜ਼ਰ ਸਨ।

ਸਪਰਿੰਗ ਡਿਊ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਸਮੇਂ ਸਕੂਲ ਸਟਾਫ਼। ਅਜੀਤ ਤਸਵੀਰ

ਸਪਰਿੰਗ ਡਿਊ ਪਬਲਿਕ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ

ਜਗਰਾਉਂ, 19 ਅਕਤੂਬਰ (ਵਿਨੋਦ ਕੁਮਾਰ)-ਸਪਰਿੰਗ ਡਿਊ ਪਬਲਿਕ ਸਕੂਲ ਵਿਚ ਦੀਵਾਲੀ ਦਾ ਤਿਉਹਾਰ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮੇਂ ਸਕੂਲ ਨੂੰ ਰੰਗ-ਬਿਰੰਗੀਆਂ ਮੋਮਬੱਤੀਆਂ, ਫੁੱਲਾਂ ਤੇ ਰੰਗੋਲੀਆਂ ਨਾਲ ਸਜਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਦੀਵੇ ਬਣਾਉਣ, ਮੋਮਬੱਤੀਆਂ ਤਿਆਰ ਕਰਨ, ਰੰਗੋਲੀ ਬਣਾਉਣ ਅਤੇ ਸਜਾਵਟ ਦੇ ਮੁਕਾਬਲੇ ਦੇ ਮੁਕਾਬਲਿਆਂ 'ਚ ਭਾਗ ਲਿਆ, ਜਿਨ੍ਹਾਂ ਵਿਚ ਬੱਚਿਆਂ ਨੇ ਆਪਣੀ ਕਲਾ ਤੇ ਕੌਸ਼ਲ ਨਾਲ ਸਭ ਨੂੰ ਪ੍ਰਭਾਵਿਤ ਕੀਤਾ। ਬੱਚਿਆਂ ਨੇ ਦੀਵਾਲੀ ਨਾਲ ਸੰਬੰਧਿਤ ਭਾਸ਼ਣ ਅਤੇ ਗੀਤ ਪੇਸ਼ ਕਰਕੇ ਸਮਾਰੋਹ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ। ਅਧਿਆਪਕਾਂ ਨੇ ਵੀ ਬੱਚਿਆਂ ਦੇ ਉਤਸ਼ਾਹ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਰੀਨਾ ਜੈਦਿਕਾ ਅਤੇ ਬੇਅੰਤ ਬਾਵਾ ਨੇ ਸੰਦੇਸ਼ ਦਿੰਦੇ ਹੋਏ ਕਿਹਾ ਕਿ ਦੀਵਾਲੀ ਸਾਡੇ ਜੀਵਨ ਵਿਚ ਨਵੀਂ ਉਮੀਦਾਂ, ਰੌਸ਼ਨੀ ਅਤੇ ਸੱਚਾਈ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਸਾਨੂੰ ਚਾਹੀਦਾ ਹੈ ਕਿ ਅਸੀਂ ਇਹ ਤਿਉਹਾਰ ਸਾਦਗੀ ਨਾਲ, ਬਿਨਾਂ ਪਟਾਕਿਆਂ ਦੇ ਅਤੇ ਸਾਂਝੇਪਣ ਨਾਲ ਮਨਾਈਏ। ਸਮਾਰੋਹ ਦੇ ਅੰਤ 'ਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ ਅਤੇ ਮਠਿਆਈਆਂ ਵੰਡ ਕੇ ਸਭ ਨੇ ਇਕ-ਦੂਜੇ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ।

ਜੀ.ਐੱਚ.ਜੀ. ਖ਼ਾਲਸਾ ਕਾਲਜ ਆਫ਼ ਫਾਰਮੇਸੀ ਗੁਰੂਸਰ ਸੁਧਾਰ ਵਿਖੇ ਦੀਵਾਲੀ ਜਸ਼ਨਾਂ ਦਾ ਰੀਬਨ ਕੱਟ ਕੇ ਉਦਘਾਟਨ ਕਰਦੇ ਪ੍ਰਿੰ: ਡਾ: ਸਤਵਿੰਦਰ ਕੌਰ, ਨਾਲ ਸਮੂਹ ਵਿਦਿਆਰਥੀ। ਅਜੀਤ ਤਸਵੀਰ

ਜੀ.ਐੱਚ.ਜੀ. ਖ਼ਾਲਸਾ ਕਾਲਜ ਆਫ਼ ਫਾਰਮੇਸੀ ਸੁਧਾਰ ਵਿਖੇ ਦੀਵਾਲੀ ਦਾ ਜਸ਼ਨ

ਗੁਰੂਸਰ ਸੁਧਾਰ, 19 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)- ਜੀ.ਐੱਚ.ਜੀ. ਖ਼ਾਲਸਾ ਕਾਲਜ ਆਫ਼ ਫਾਰਮੇਸੀ ਗੁਰੂਸਰ ਸੁਧਾਰ ਵਿਖੇ ਪ੍ਰਿੰ: ਡਾ: ਸਤਵਿੰਦਰ ਕੌਰ ਦੀ ਅਗਵਾਈ ਹੇਠ ਵਿਦਿਆਰਥੀਆਂ ਵਲੋਂ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰ: ਡਾ: ਸਤਵਿੰਦਰ ਕੌਰ ਨੇ ਕਿਹਾ ਕਿ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਅਧਿਆਤਮਿਕ ਹਨੇਰੇ ਉੱਤੇ ਅੰਦਰੂਨੀ ਰੌਸ਼ਨੀ ਦੀ ਜਿੱਤ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਦੀਵਾ ਚੰਗਿਆਈ ਅਤੇ ਸ਼ੁੱਧਤਾ ਦਾ ਪ੍ਰਤੀਕ ਹੈ ਤੇ ਇਹ ਹਨੇਰੇ ਨੂੰ ਦੂਰ ਕਰਨ ਸਮੇਤ ਰੌਸ਼ਨੀ ਵਿਚ ਜਾਣ ਦਾ ਸੰਕੇਤ ਦਿੰਦਾ ਹੈ। ਕਾਲਜ ਕੈਂਪਸ ਵਿਖੇ ਇਸ ਮੌਕੇ ਵਿਦਿਆਰਥੀਆਂ ਦੀ ਰਚਨਾਤਮਕ ਪ੍ਰਤਿਭਾ ਨੂੰ ਬਾਹਰ ਲਿਆਉਣ ਅਤੇ ਦੀਵਾਲੀ ਤਿਉਹਾਰ ਨੂੰ ਮਨਾਉਣ ਲਈ ਦੀਵਿਆਂ ਦੀ ਸਜਾਵਟ ਕੀਤੀ ਗਈ। ਕਾਲਜ ਵਿਦਿਆਰਥੀਆਂ ਵਲੋਂ ਸਾਰੇ ਦੀਵਿਆਂ ਨੂੰ ਪੇਂਟ ਅਤੇ ਕੁੰਦਨ ਪੱਥਰਾਂ ਨਾਲ ਸਜਾਇਆ ਗਿਆ ਤੇ ਇਹ ਮੌਕਾ ਸਭਨਾਂ ਵਿਦਿਆਰਥੀਆਂ ਲਈ ਇਕ ਵਧੀਆ ਅਨੁਭਵ ਰਿਹਾ। ਅੰਤ 'ਚ ਪ੍ਰਿੰ: ਡਾ: ਸਤਵਿੰਦਰ ਕੌਰ ਨੇ ਕਾਲਜ ਵਿਦਿਆਰਥੀਆਂ ਨੂੰ ਖ਼ੁਸ਼ਹਾਲ ਦੀਵਾਲੀ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਸਾਫ਼ ਅਤੇ ਹਰੀ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ।

ਸੈਕਰਡ ਹਾਰਟ ਸਕੂਲ ਵਿਚ ਕਰਵਾਏ ਗਏ ਰੰਗੋਲੀ ਮੁਕਾਬਲੇ ਦੌਰਾਨ ਬੱਚੇ। ਅਜੀਤ ਤਸਵੀਰ

ਸੈਕਰਡ ਹਾਰਟ ਸਕੂਲ 'ਚ ਰੰਗੋਲੀ ਮੁਕਾਬਲੇ ਕਰਵਾਏ

ਜਗਰਾਉਂ, 19 ਅਕਤੂਬਰ (ਵਿਨੋਦ ਕੁਮਾਰ)-ਸੈਕਰਡ ਹਾਰਟ ਕਾਨਵੈਂਟ ਸਕੂਲ ਜਗਰਾਉਂ ਵਿਖੇ ਚੌਥੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਦੇ ਬੱਚਿਆਂ ਦੇ ਰੰਗੋਲੀ ਮੁਕਾਬਲੇ ਕਰਵਾਏ ਗਏ। ਇਹ ਮੁਕਾਬਲੇ ਦੌਰਾਨ ਸਮੂਹ ਬੱਚਿਆਂ ਨੂੰ ਅਲੱਗ-ਅਲੱਗ ਵਿਸ਼ੇ ਦਿੱਤੇ ਗਏ। ਬੱਚਿਆਂ ਵਲੋਂ ਬਣਾਈ ਗਈ ਰੰਗੋਲੀ ਵਿਚ ਦੀਵਾਲੀ ਮੌਕੇ ਪ੍ਰਦੂਸ਼ਣ ਨਾ ਫੈਲਾਉਣ ਅਤੇ ਹੋਰ ਕਈ ਸਮਾਜਿਕ ਬੁਰਾਈਆਂ ਨੂੰ ਦੂਰ ਕਰਨ ਦਾ ਸੁਨੇਹਾ ਦਿੱਤਾ ਗਿਆ। ਨਰਸਰੀ ਤੋਂ ਤੀਜੀ ਜਮਾਤ ਦੇ ਨੰਨ੍ਹੇ ਬੱਚਿਆਂ ਨੇ ਵੀ ਆਪਣੀ-ਆਪਣੀ ਜਮਾਤ ਨੂੰ ਰੰਗੋਲੀ ਨਾਲ ਸ਼ਿੰਗਾਰਿਆ। ਸਕੂਲ ਦੇ ਪ੍ਰਿੰਸੀਪਲ ਸਿਸਟਰ ਐਨਸੀ ਜੋਸ਼ਫ ਨੇ ਬੱਚਿਆਂ ਦੀ ਏਕਤਾ ਤੇ ਉਨ੍ਹਾਂ ਵਲੋਂ ਕੀਤੇ ਸਲਾਘਾਯੋਗ ਕਾਰਜ ਲਈ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਹੌਸਲਾ ਵੀ ਵਧਾਇਆ। ਉਨ੍ਹਾਂ ਨੇ ਬੱਚਿਆਂ ਨੂੰ ਇਹ ਵੀ ਕਿਹਾ ਕਿ ਸਰਬਪੱਖੀ ਵਿਕਾਸ ਲਈ ਇਹੋ ਜਿਹੇ ਮੁਕਾਬਲੇ ਸਕੂਲ ਵਿਚ ਹੁੰਦੇ ਰਹਿਣਗੇ।

ਖੇਡ ਮੁਕਾਬਲਿਆਂ 'ਚ ਦਸਮੇਸ਼ ਪਬਲਿਕ ਸਕੂਲ ਟਾਹਲੀਆਣਾ ਸਾਹਿਬ ਦੀ ਜਿੱਤ

ਰਾਏਕੋਟ, 19 ਅਕਤੂਬਰ (ਬਲਵਿੰਦਰ ਸਿੰਘ ਲਿੱਤਰ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਟਾਹਲੀਆਣਾ ਸਾਹਿਬ ਰਾਏਕੋਟ ਦੇ ਵਿਦਿਆਰਥੀਆਂ ਵਲੋਂ ਸਥਾਨਕ ਸੰਸਥਾ ਦੇ ਸਟੇਡੀਅਮ ਵਿਚ ਕਰਵਾਏ ਗਏ ਰਾਏਕੋਟ ਸੈਂਟਰ ਦੇ ਅਥਲੈਟਿਕਸ ਖੇਡ ਮੁਕਾਬਲਿਆਂ ਵਿਚ ਆਪਣਾ ਦਬਦਬਾ ਕਾਇਮ ਕਰਦਿਆਂ ਹੂੰਝਾਫੇਰ ਜਿੱਤ ਪ੍ਰਾਪਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਮੈਡਮ ਡਿੰਪਲ ਢਿੱਲੋਂ ਨੇ ਦੱਸਿਆ ਕਿ ਆਪਣੇ ਸਕੂਲ ਦੇ ਗਰਾਊਂਡ ਵਿਚ ਸੈਂਟਰ ਹੈੱਡ ਟੀਚਰ ਅਜੇ ਡਾਬਰ ਦੀ ਅਗਵਾਈ ਵਿਚ ਹੋਏ ਇਨ੍ਹਾਂ ਮੁਕਾਬਲਿਆਂ ਿੱਚ ਸਕੂਲ ਦੇ ਵਿਦਿਆਰਥੀਆਂ ਨੇ ਡੀ.ਪੀ.ਈ. ਸੁਦਾਗਰ ਸਿੰਘ ਦੀ ਰਹਿਨੁਮਾਈ ਵਿਚ ਭਾਗ ਲਿਆ। ਲੜਕਿਆਂ ਦੇ ਅਥਲੈਟਿਕਸ ਮੁਕਾਬਲਿਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦੇ ਵਿਦਿਆਰਥੀ ਪ੍ਰਭਜੋਤ ਸਿੰਘ ਨੇ 100 ਮੀਟਰ ਵਿਚੋਂ ਸੋਨ ਤਗਮਾ, ਜੈਦੇਵ ਸਿੰਘ ਨੇ 200 ਮੀਟਰ 'ਚ ਕਾਂਸੇ ਦਾ ਤਗਮਾ, ਰਤਨਵੀਰ ਸਿੰਘ ਨੇ 400 ਮੀਟਰ ਦੌੜ ਅਤੇ 600 ਮੀਟਰ ਵਿਚ ਸੋਨ ਤਗਮਾ, ਰਿਲੇਅ ਰੇਸ ਵਿਚੋਂ ਪ੍ਰਭਜੋਤ ਸਿੰਘ, ਗੁਰਸ਼ਰਨ ਸਿੰਘ, ਅਭੀਰੂਪ ਸਿੰਘ ਤੇ ਰਤਨਵੀਰ ਸਿੰਘ ਨੇ ਸੋਨ ਤਗਮਾ ਜਿੱਤਿਆ, ਗੋਲਾ ਸੁੱਟਣ ਵਿਚ ਫ਼ਤਹਿ ਸਿੰਘ ਨੇ ਕਾਂਸੇ ਦਾ ਮੈਡਲ ਪ੍ਰਾਪਤ ਕੀਤਾ। ਲੜਕੀਆਂ ਦੇ ਮੁਕਾਬਲਿਆਂ ਵਿਚ 100 ਮੀ. ਵਿਚ ਜੈਸਮੀਨ ਕੌਰ ਤੇ ਗੁਰਨੂਰ ਕੌਰ ਨੇ ਕ੍ਰਮਵਾਰ ਸੋਨ ਤੇ ਚਾਂਦੀ ਦਾ ਮੈਡਲ, 200 ਮੀ. ਨਵਜੋਤ ਕੌਰ ਕਾਂਸੀ, 400 ਮੀ. ਨਵਜੋਤ ਕੌਰ ਤੇ ਰਮਨਦੀਪ ਕੌਰ ਨੇ ਕ੍ਰਮਵਾਰ ਸੋਨ ਤੇ ਚਾਂਦੀ ਦਾ ਮੈਡਲ, 600 ਮੀ. ਵਿਚ ਰਮਨਦੀਪ ਕੌਰ ਤੇ ਜਸ਼ਨਪ੍ਰੀਤ ਨੇ ਕ੍ਰਮਵਾਰ ਸੋਨ ਤੇ ਚਾਂਦੀ ਮੈਡਲ, ਰਿਲੇਅ ਦੌੜ 'ਚ ਜੈਸਮੀਨ ਕੌਰ, ਗੁਰਨੂਰ ਕੌਰ, ਨਵਜੋਤ ਕੌਰ ਤੇ ਸੁਖਵੀਰ ਕੌਰ ਨੇ ਸੋਨ ਤਗਮਾ, ਗੋਲਾ ਸੁੱਟਣ ਵਿਚ ਸੁਖਵੀਰ ਕੌਰ ਤੇ ਜਸਮੀਤ ਕੌਰ ਨੇ ਕ੍ਰਮਵਾਰ ਸੋਨ ਤੇ ਕਾਂਸੇ ਦਾ ਮੈਡਲ ਅਤੇ ਲੰਬੀ ਛਾਲ ਵਿਚ ਜੈਸਮੀਨ ਕੌਰ ਤੇ ਗੁਰਨੂਰ ਕੌਰ ਨੇ ਕ੍ਰਮਵਾਰ ਸੋਨ ਤੇ ਚਾਂਦੀ ਦਾ ਮੈਡਲ ਪ੍ਰਾਪਤ ਕੀਤਾ। ਸਕੂਲ ਪਹੁੰਚਣ 'ਤੇ ਵਿਦਿਆਰਥੀਆਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਮੈਡਮ ਨੇ ਜੇਤੂ ਵਿਦਿਆਰਥੀਆਂ, ਡੀ.ਪੀ.ਈ. ਸੁਦਾਗਰ ਸਿੰਘ ਤੇ ਮਾਤਾ-ਪਿਤਾ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਬੱਚਿਆਂ ਦੀ ਸਫ਼ਲਤਾ ਦਾ ਸਿਹਰਾ ਡੀ.ਪੀ.ਈ. ਸ. ਸੁਦਾਗਰ ਨੂੰ ਦਿੱਤਾ। ਇਸ ਸਮੇਂ ਮੈਡਮ ਬਲਜਿੰਦਰ ਕੌਰ, ਸਰਬਜੀਤ ਸਿੰਘ ਗਰੇਵਾਲ, ਪਰਮਿੰਦਰ ਕੌਰ, ਗੁਰਮੀਤ ਕੌਰ, ਸੰਦੀਪ ਕੌਰ, ਰਵਨੀਤ ਕੌਰ, ਗੁਰਪ੍ਰੀਤ ਕੌਰ, ਮਨਦੀਪ ਕੌਰ, ਪ੍ਰਭਦੀਪ ਕੌਰ, ਰਕਸ਼ਾ ਰਾਣੀ, ਜਸਪ੍ਰੀਤ ਕੌਰ, ਕਿਰਨਦੀਪ ਕੌਰ, ਸਨਦੀਪ ਕੌਰ, ਰਾਣੀ ਸੈਂਡੀ, ਬੇਅੰਤ ਕੌਰ, ਗੁਰਵਿੰਦਰ ਕੌਰ, ਜਸਵਿੰਦਰ ਕੌਰ, ਸਤਵੀਰ ਸਿੰਘ, ਗੁਰਮੇਲ ਸਿੰਘ, ਜਤਿੰਦਰਪਾਲ ਸਿੰਘ, ਵਰਿੰਦਰ ਮੋਹਨ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਟਾਹਲੀਆਣਾ ਸਾਹਿਬ ਰਾਏਕੋਟ ਦੇ ਜੇਤੂ ਵਿਦਿਆਰਥੀ ਸਕੂਲ ਸਟਾਫ਼ ਨਾਲ। ਅਜੀਤ ਤਸਵੀਰ

ਪਿੰਡ ਸਵੱਦੀ ਕਲਾਂ ਵਿਖੇ ਸਿੰਮਕ ਜਠੇਰਿਆਂ ਦੇ ਅਸਥਾਨ 'ਤੇ ਮੇਲਾ 22 ਨੂੰ

ਚੌਂਕੀਮਾਨ, 19 ਅਕਤੂਬਰ (ਤੇਜਿੰਦਰ ਸਿੰਘ ਚੱਢਾ)-ਪਿੰਡ ਸਵੱਦੀ ਕਲਾਂ ਵਿਖੇ ਸਿੰਮਕ ਜਠੇਰਿਆਂ ਦੇ ਅਸਥਾਨ 'ਤੇ ਸਿੰਮਕ ਗੋਤ ਵਲੋਂ ਹਰ ਸਾਲ ਵੱਡੀ ਪੱਧਰ 'ਤੇ ਮੇਲਾ ਕਰਵਾਇਆ ਜਾਂਦਾ ਹੈ। ਇਹ ਜਾਣਕਾਰੀ ਦਿੰਦਿਆਂ ਆਰਕੀਟੈਕਟ ਰਣਧੀਰ ਸਿੰਘ ਲੁਧਿਆਣਾ, ਪ੍ਰਧਾਨ ਗੁਰਸੇਵਕ ਸਿੰਘ ਸਵੱਦੀ (ਇਲੈਕਟ੍ਰੀਕਲ ਇੰਜੀਨੀਅਰ), ਕੁਲਦੀਪ ਸਿੰਘ ਸੋਨੀ ਸਵੱਦੀ, ਸਰਪ੍ਰਸਤ ਹਰਬੰਸ ਸਿੰਘ, ਗੁਰਦੀਪ ਸਿੰਘ ਨੀਟਾ ਤੇ ਖ਼ਜ਼ਾਨਚੀ ਦਲਜੀਤ ਸਿੰਘ ਸਵੱਦੀ ਨੇ ਦੱਸਿਆ ਕਿ ਸਿੰਮਕ ਜਠੇਰਿਆਂ ਦੇ ਅਸਥਾਨ ਪਿੰਡ ਸਵੱਦੀ ਕਲਾਂ ਵਿਖੇ ਦੀਵਾਲੀ ਦੇ ਦੂਜੇ ਦਿਨ ਹਰ ਸਾਲ ਮੇਲਾ ਕਰਵਾਇਆ ਜਾਂਦਾ ਹੈ ਤੇ ਇਸ ਵਾਰ ਵੀ ਦੀਵਾਲੀ ਦੇ ਦੂਜੇ ਦਿਨ ਮਿਤੀ 22 ਅਕਤੂਬਰ ਨੂੰ ਮੇਲਾ ਕਰਵਾਇਆ ਜਾਵੇਗਾ ਤੇ ਮੇਲੇ ਵਿਚ ਪੂਰੇ ਪੰਜਾਬ ਵਿਚੋਂ ਸਿੰਮਕ ਗੋਤ ਵਾਲੇ ਆ ਕੇ ਜਠੇਰਿਆਂ ਦੇ ਅਸਥਾਨ 'ਤੇ ਮੱਥਾ ਟੇਕਦੇ ਹਨ।

ਈਸਟਵੁੱਡ ਇੰਟਰਨੈਸ਼ਨਲ ਸਕੂਲ ਮੰਡੀ ਮੁੱਲਾਂਪੁਰ ਵਿਖੇ ਮੁਕਾਬਲਿਆਂ ਦੇ ਜੇਤੂ ਵਿਦਿਆਰਥੀ ਆਪਣੇ ਪ੍ਰਿੰਸੀਪਲ ਡਾ: ਅਮਨਦੀਪ ਕੌਰ ਬਖਸ਼ੀ, ਹੋਰ ਅਧਿਆਪਕਾਂ ਨਾਲ। ਤਸਵੀਰ: ਕ੍ਰਿਪਾਲ ਹੰਬੜਾਂ

ਈਸਟਵੁੱਡ ਸਕੂਲ ਮੰਡੀ ਮੁੱਲਾਂਪੁਰ ਦੇ ਵਿਦਿਆਰਥੀ ਵੱਖ-ਵੱਖ ਮੁਕਾਬਲਿਆਂ 'ਚ ਅੱਵਲ

ਮੁੱਲਾਂਪੁਰ-ਦਾਖਾ, 19 ਅਕਤੂਬਰ (ਨਿਰਮਲ ਸਿੰਘ ਧਾਲੀਵਾਲ)-ਈਸਟਵੁੱਡ ਇੰਟਰਨੈਸ਼ਨਲ ਸਕੂਲ ਮੰਡੀ ਮੁੱਲਾਂਪੁਰ ਦੇ ਵਿਦਿਆਰਥੀਆਂ ਵਲੋਂ ਸੀ.ਟੀ ਯੂਨੀਵਰਸਿਟੀ ਅਤੇ ਜੀ.ਐੱਚ.ਜੀ ਖ਼ਾਲਸਾ ਕਾਲਜ ਗੁਰੂਸਰ ਸੁਧਾਰ ਵਿਖੇ ਵੱਖੋ-ਵੱਖ ਮੁਕਾਬਲਿਆਂ ਵਿਚ ਹਿੱਸਾ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸੀ.ਟੀ ਯੂਨੀਵਰਸਿਟੀ ਦੇ ਧਨਕ ਪ੍ਰੋਗਰਾਮ ਸਮੇਂ ਫੇਸ ਪੇਂਟਿੰਗ ਮੁਕਾਬਲੇ 'ਚ 12ਵੀਂ ਜਮਾਤ ਦੀ ਵਿਦਿਆਰਥਣ ਗੁਰਮਨਜੋਤ ਕੌਰ ਨੇ ਦੂਸਰਾ, ਪੋਸਟਰ ਮੇਕਿੰਗ ਮੁਕਾਬਲੇ 'ਚ 12ਵੀਂ ਜਮਾਤ ਵਿਦਿਆਰਥਣ ਜੈਸਮੀਨ ਕੌਰ ਨੇ ਤੀਸਰਾ, ਭਾਸ਼ਣ ਮੁਕਾਬਲੇ ਸਮੇਂ 12ਵੀਂ ਜਮਾਤ ਵਿਦਿਆਰਥਣਾਂ ਪ੍ਰਭਵੀਰ ਕੌਰ ਅੰਗਰੇਜੀ ਵਿਸ਼ਾ, ਅਰਮਨਪ੍ਰੀਤ ਕੌਰ ਪੰਜਾਬੀ ਵਿਸ਼ਾ ਤੇ ਇੰਦਰਪ੍ਰੀਤ ਕੌਰ ਹਿੰਦੀ ਵਿਸ਼ਾ ਭਾਸ਼ਣ ਮੁਕਾਬਲੇ 'ਚ ਤੀਸਰਾ ਸਥਾਨ ਹਾਸਲ ਕੀਤਾ। ਜੀ.ਐੱਚ.ਜੀ ਖਾਲਸਾ ਕਾਲਜ ਸੁਧਾਰ ਦੇ ਰੰਗ-ਤਰੰਗ ਪ੍ਰੋਗਰਾਮ ਸਮੇਂ ਸੁੰਦਰ ਲਿਖਾਈ ਮੁਕਾਬਲੇ 'ਚ ਹਰਨੂਰਦੀਪ ਕੌਰ, ਅੰਗਰੇਜੀ ਲੇਖ ਲਿਖਣ 'ਚ ਭਵਨੀਤ ਕੌਰ, ਹਿੰਦੀ ਲੇਖ ਲਿਖਣ ਜੈਸਮੀਨ ਕੌਰ ਨੇ ਪਹਿਲਾ ਸਥਾਨ ਲਿਆ। ਕਾਰਟੂਨਿੰਗ ਮੁਕਾਬਲੇ 'ਚ ਨਵਪ੍ਰੀਤ ਕੌਰ ਨੇ ਪਹਿਲਾ ਤੇ ਮਨਜੋਤ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਐਕਸਟੈਮਪੋਰ ਵਿਚ ਗੁਰਲੀਨ ਕੌਰ, ਵਨ ਪਿਕਚਰ ਮਾਈ ਸਟੋਰੀ ਵਿਚ ਅਰਮਾਨਦੀਪ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਬਿਨਾਂ ਅੱਗ ਭੋਜਨ ਤਿਆਰ ਮੁਕਾਬਲੇ 'ਚ ਖੁਸ਼ਦੀਪ ਕੌਰ, ਪੱਲਵੀ, ਅਰਸ਼ਦੀਪ ਕੌਰ ਦੀ ਟੀਮ ਨੇ ਦੂਸਰਾ ਸਥਾਨ ਲਿਆ। ਸੋਲੋ ਡਾਂਸ 'ਚ ਜਜਮਨਜੋਤ ਕੌਰ ਨੇ ਦੂਸਰਾ, ਗੁਰਮਨਜੋਤ ਕੌਰ ਨੇ ਤੀਸਰਾ ਸਥਾਨ ਲਿਆ। ਪੇਪਰ ਰੀਡਿੰਗ ਮੁਕਾਬਲੇ 'ਚ ਪ੍ਰਿਅੰਸ਼ੀ ਨੇ ਤੀਸਰ